27-Nov_Punjab-3-10-Jacket-2-3-Star.qxd 11/27/2025 9:14 PM Page 2

ਲਲਤੋਂ ਕਲਾਂ ਵਿਖੇ ਕੀਤੀ ਰੋਹ ਭਰਪੂਰ ਰੈਲੀ ਦੌਰਾਨ ਬਿਜਲੀ ਬਿੱਲ 2025 ਦੇ ਖਰੜੇ ਦੀਆਂ ਕਾਪੀਆਂ ਸਾੜਨ ਤੋਂ ਪਹਿਲਾਂ ਸਾਥੀਆਂ ਨੂੰ ਸੰਬੋਧਨ ਕਰਦੇ ਹੋਏ ਬੁਲਾਰੇ। ਤਸਵੀਰ-ਮਨਜੀਤ ਸਿੰਘ ਦੁੱਗਰੀ

ਬਿਜਲੀ ਬਿੱਲ 2025 ਦੇ ਵਿਰੋਧ ਵਿਚ ਰੋਹ ਭਰਪੂਰ ਰੈਲੀ ਕਰ ਕੇ ਕਾਪੀਆਂ ਸਾੜੀਆਂ

ਫੁੱਲਾਂਵਾਲ, 27 ਨਵੰਬਰ (ਮਨਜੀਤ ਸਿੰਘ ਦੁੱਗਰੀ)-ਅੱਜ ਟੈਕਨੀਕਲ ਸਰਵਿਸ ਯੂਨੀਅਨ ਰਜਿ 49, ਪੀ,ਐਸ,ਈ,ਬੀ, ਇੰਪਲਾਈਜ ਫੈਡਰੇਸ਼ਨ ਏਟਕ, ਪੈਨਸ਼ਨਰਜ ਐਸੋਸੀਏਸ਼ਨ ਦੇ ਕਾਮਿਆਂ ਨੇ ਸੰਯੁਕਤ ਕਿਸਾਨ ਮੋਰਚੇ ਵਲੋਂ ਸਾਰੇ ਭਾਤ ਅੰਦਰ ਬਿਜਲੀ ਬਿੱਲ 2025 ਅਤੇ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚਣ ਦੇ ਵਿਰੋਧ ਵਿਚ ਸੂਬਿਆਂ ਦੀਆ ਰਾਜਧਾਨੀਆਂ ਵਿਖੇ ਕੀਤੇ ਜਾ ਰਹੇ ਰੋਸ ਮੁਜਾਰਿਆਂ ਦੀ ਹਿਮਾਇਤ ਵਿਚ ਲਲਤੋਂ ਕਲਾਂ ਵਿਖੇ ਰੋਹ ਭਰਪੂਰ ਰੈਲੀ ਕਕੇ ਬਿਜਲੀ ਬਿਲ 2025 ਦੇ ਖਰੜੇ ਦੀਆਂ ਕਾਪੀਆਂ ਸਾੜੀਆਂ। ਪੰਜਾਬ ਸਰਕਾਰ ਵਲੋਂ ਸਰਕਾਰੀ ਅਦਾਰਿਆਂ ਦੀਆਂ ਜਮੀਨਾਂ ਵੇਚੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬਿਜਲੀ ਐਕਟ 2025 ਹਿੰਦੁਸਤਾਨ ਦਰ ਲਾਗੂ ਹੋਣ ਨਾਲ ਸੂਬਿਆਂ ਦੀਆਂ ਸਰਕਾਰਾਂ ਵਲੋਂ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ ਬੰਦ ਹੋ ਜਾਣ ਨਾਲ ਬਿਜਲੀ ਗਰੀਬ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਵੇਗੀ। ਇਸ ਲਈ ਸਮੁੱਚੇ ਕਿਰਤੀ ਲੋਕਾਂ ਨੂੰ ਇਕੱਠੇ ਹੋ ਕੇ ਕੇਂਦਰ ਦੀ ਸਰਕਾਰ ਅਤੇ ਪੰਜਾਬ ਦੀ ਸਰਕਾਰ ਦੀਆਂ ਕਾਰਪੋਟੀ ਨੀਤੀਆਂ ਦਾ ਤਿੱਖਾ ਵਿਰੋਧ ਕਰਨਾ ਚਾਹੀਦਾ ਹੈ। ਧਰਨੇ ਨੂੰ ਟੈਕਨੀਕਲ ਸਰਵਿਸ ਯੂਨੀਅਨ ਦੇ ਆਗੂ ਜ਼ਮੀਰ ਹੁਸੈਨ ਸਰਕਲ ਪ੍ਰਧਾਨ, ਚਮਕੌਰ ਸਿੰਘ ਡਵੀਜ਼ਨ ਪ੍ਰਧਾਨ, ਜਗਤਾਰ ਸਿੰਘ, ਛਿੰਦਰਪਾਲ ਸਿੰਘ, ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਸਰਕਲ ਪ੍ਰਧਾਨ ਕਰਤਾਰ ਸਿੰਘ, ਡਵੀਜ਼ਨ ਆਗੂ ਕਰਨੈਲ ਸਿੰਘ, ਪੈਨਸ਼ਨਰਜ ਐਸੋਸੀਏਸ਼ਨ ਦੇ ਸਰਕਲ ਆਗੂ ਆਗੂ ਇਕਬਾਲ ਸਿੰਘ, ਸੁਖਵੰਤ ਸਿੰਘ, ਟੀ ਐਸ ਯੂ ਸੋਢੀ ਗਰੁੱਪ ਦੇ ਆਗੂ ਦਲਜੀਤ ਸਿੰਘ ਆਦਿ ਨੇ ਸੰਬੋਧਨ ਕੀਤਾ।

ਸਿਟੀ ਇਨਕਲੇਵ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਕਰਵਾਏ ਸਮਾਗਮ ਦੌਰਾਨ ਸੰਗਤਾਂ ਨੂੰ 'ਆਲ ਇਨ ਵਨ' ਸੰਸਥਾ ਵਲੋਂ ਸਲੋਕ ਅਤੇ ਸ਼ਬਦ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਮੁਫ਼ਤ ਕਿਤਾਬਾਂ ਵੰਡਣ ਸਮੇਂ ਮੁੱਖ ਸੇਵਾਦਾਰ ਭਗਵਿੰਦਰਪਾਲ ਸਿੰਘ ਗੋਲਡੀ ਅਤੇ ਹੋਰ। ਤਸਵੀਰ-ਮਨਜੀਤ ਸਿੰਘ ਦੁੱਗਰੀ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ

ਫੁੱਲਾਂਵਾਲ, 27 ਨਵੰਬਰ (ਮਨਜੀਤ ਸਿੰਘ ਦੁੱਗਰੀ)-ਸਿਟੀ ਇਨਕਲੇਵ ਧਾਂਦਰਾ ਰੋਡ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਸਮੂਹ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਸ਼ਰਧਾ, ਭਾਵਨਾ ਅਤੇ ਸਤਿਕਾਰ ਨਾਲ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿਚ ਬੀਬੀ ਜਸਲੀਨ ਕੌਰ (ਲੁਧਿਆਣਾ ਵਾਲੇ) ਭਾਈ ਕਰਮਵੀਰ ਸਿੰਘ ਅਤੇ ਸਥਾਨਕ ਇਲਾਕਾ ਨਿਵਾਸੀਆਂ ਦੀਆਂ ਇਸਤਰੀ ਸਤਿਸੰਗ ਸਭਾ ਦੇ ਜੱਥੇ ਨੇ ਇਲਾਹੀ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦੌਰਾਨ 'ਆਲ ਇਨ ਵਨ' ਸੰਸਥਾ ਵਲੋਂ ਸੰਗਤਾਂ ਨੂੰ ਸਲੋਕ ਅਤੇ ਸ਼ਬਦ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਮੁਫ਼ਤ ਕਿਤਾਬਾਂ ਵੀ ਵੰਡੀਆਂ ਗਈਆਂ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਗਵਿੰਦਰਪਾਲ ਸਿੰਘ ਗੋਲਡੀ ਵਲੋਂ ਇਸ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਮੁਹੱਲਾ ਨਿਵਾਸੀਆਂ ਦਾ ਧੰਨਵਾਦ ਕੀਤਾ ਅਤੇ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਵਲੋਂ ਗੁਰੂ ਘਰ ਨਤਮਸਤਕ ਹੋਣ ਆਈਆਂ ਸੰਗਤਾਂ ਲਈ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਇਸ ਮੌਕੇ ਬਲਬੀਰ ਸਿੰਘ ਮੱਲ, ਮਹਿੰਦਰ ਸਿੰਘ, ਪਰਮਜੀਤ ਸਿੰਘ ਬੇਦੀ, ਮਨਪ੍ਰੀਤ ਸਿੰਘ, ਅਮਰਜੀਤ ਸਿੰਘ ਸੂਰੀ, ਦਲਜੀਤ ਸਿੰਘ, ਖੁਸ਼ਵਿੰਦਰ ਸਿੰਘ, ਜਗਪ੍ਰੀਤ ਸਿੰਘ, ਵਿਕਰਮਜੀਤ ਸਿੰਘ ਧਾਲੀਵਾਲ, ਸੰਦੀਪ ਆਹੂਜਾ, ਯਾਦਵਿੰਦਰ ਸਿੰਘ ਗੰਭੀਰ, ਕੁਲਦੀਪ ਸਿੰਘ, ਹਰਨੇਕ ਸਿੰਘ ਧੰਜਲ, ਹਰਭਜਨ ਕੌਰ, ਸਤਵੀਰ ਕੌਰ ਬੇਦੀ, ਪਰਮਜੀਤ ਕੌਰ, ਹਰਬੀਰ ਕੌਰ, ਗੁਰਪ੍ਰੀਤ ਕੌਰ, ਮਨਜੀਤ ਕੌਰ, ਬਲਵਿੰਦਰ ਕੌਰ, ਸਰਬਜੀਤ ਕੌਰ, ਸਰੋਜ ਬਾਲਾ, ਰਜਨੀ ਅਤੇ ਹੋਰ ਅਨੇਕਾਂ ਨੇ ਸ਼ਮੂਲੀਅਤ ਕੀਤੀ।

'ਆਲ ਇਨ ਵਨ' ਵਲੋਂ ਸੰਗਤਾਂ ਨੂੰ ਸਲੋਕ ਅਤੇ ਸ਼ਬਦ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਮੁਫ਼ਤ ਕਿਤਾਬਾਂ ਵੰਡੀਆਂ

ਆਂਡਿਆਂ ਦਾ ਭਾਅ — ਪੰਜਾਬ

ਪ੍ਰਤੀ ਸੈਂਕੜਾ	650/- ਰੁਪਏ

ਸੋਨਾ (22 ਕੈਰੇਟ)	119,970
ਸੋਨਾ (22 ਕੈਰੇਟ ਪੁਰਾਣਾ)	116,100
ਚਾਂਦੀ	167,000
ਸੋਨਾ (23 ਕੈਰੇਟ)	125,780
ਸੋਨਾ (23 ਕੈਰੇਟ ਪੁਰਾਣਾ)	121,260
ਸੋਨਾ (24 ਕੈਰੇਟ)	129,000

ਸ਼ੱਕੀ ਹਾਲਾਤ ਵਿਚ ਫ਼ੈਕਟਰੀ ਵਰਕਰ ਦਾ ਕਤਲ

ਲੁਧਿਆਣਾ, 27 ਨਵੰਬਰ (ਆਹੂਜਾ)-ਥਾਣਾ ਜਮਾਲਪੁਰ ਦੇ ਘੇਰੇ ਅੰਦਰ ਪੈਂਦੇ ਇਲਾਕੇ ਬਾਲਾ ਜੀ ਕਾਲੋਨੀ ਵਿਚ ਸ਼ੱਕੀ ਹਾਲਾਤਾਂ ਵਿਚ ਇਕ ਫ਼ੈਕਟਰੀ ਵਰਕਰ ਨੂੰ ਕਤਲ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਦੀ ਸ਼ਨਾਖ਼ਤ ਸੰਜੇ ਵਰਮਾ ਵਜੋਂ ਕੀਤੀ ਗਈ ਹੈ ਅਤੇ ਉਸ ਦੀ ਉਮਰ 43 ਸਾਲ ਦੇ ਕਰੀਬ ਸੀ। ਜਾਂਚ ਕਰ ਰਹੀ ਐਸ.ਐਚ.ਓ. ਬਲਵਿੰਦਰ ਕੌਰ ਨੇ ਦੱਸਿਆ ਕਿ ਮ੍ਰਿਤਕ ਸੰਜੇ ਵਰਮਾ ਫੋਕਲ ਪੁਆਇੰਟ ਸਥਿਤ ਇਕ ਫ਼ੈਕਟਰੀ ਵਿਚ ਕੰਮ ਕਰਦਾ ਸੀ ਅਤੇ ਦੇਰ ਰਾਤ 9.00 ਵਜੇ ਫ਼ੈਕਟਰੀ ਵਿਚ ਡਿਊਟੀ ਖ਼ਤਮ ਕਰਕੇ ਘਰ ਵਾਪਸ ਜਾ ਰਿਹਾ ਸੀ, ਪਰ ਉਹ ਘਰ ਨਹੀਂ ਪਹੁੰਚਿਆ। ਸਾਰੀ ਰਾਤ ਉਸ ਦੇ ਪਰਿਵਾਰਕ ਮੈਂਬਰ ਉਸ ਦੀ ਭਾਲ ਕਰਦੇ ਰਹੇ, ਪਰ ਸੰਜੇ ਦਾ ਕਿਧਰੇ ਪਤਾ ਨਹੀਂ ਲੱਗਾ। ਅੱਜ ਘਰ ਨੇੜੇ ਕੁੱਝ ਲੋਕਾਂ ਨੇ ਉਸ ਦੀ ਲਾਸ਼ ਪਈ ਦੇਖੀ ਤਾਂ ਪਰਿਵਾਰਿਕ ਮੈਂਬਰਾਂ ਨੂੰ ਸੂਚਿਤ ਕੀਤਾ। ਪਰਿਵਾਰ ਵਲੋਂ ਇਸਦੀ ਸੂਚਨਾ ਪੁਲਿਸ ਨੂੰ ਦਿੱਤੀ ਗਈ। ਮ੍ਰਿਤਕ ਦੇ ਸਿਰ 'ਤੇ ਤੇਜ਼ਧਾਰ ਹਥਿਆਰਾਂ ਨਾਲ ਕੀਤੇ ਜ਼ਖ਼ਮਾਂ ਦੇ ਕਈ ਨਿਸ਼ਾਨ ਸਨ ਅਤੇ ਉਸ ਦਾ ਮੋਟਰਸਾਈਕਲ ਵੀ ਨੇੜੇ ਹੀ ਪਿਆ ਸੀ। ਸੂਚਨਾ ਮਿਲਦੇ ਪੁਲਿਸ ਉਚ ਅਧਿਕਾਰੀ ਮੌਕੇ 'ਤੇ ਪਹੁੰਚੇ। ਐਸ.ਐਚ.ਓ. ਨੇ ਦੱਸਿਆ ਕਿ ਪੁਲਿਸ ਵਲੋਂ ਹਾਲ ਦੀ ਘੜੀ ਲਾਸ਼ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤੀ ਹੈ। ਉਨ੍ਹਾਂ ਦੱਸਿਆ ਕੀ ਪੁਲਿਸ ਨਾਜਾਇਜ਼ ਸੰਬੰਧਾਂ ਸਮੇਤ ਕਈ ਹੋਰ ਥਿਊਰੀਆਂ 'ਤੇ ਵੀ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਜਾਂਚ ਉਪਰੰਤ ਹੀ ਜਿਹੜੇ ਤੱਥ ਸਾਹਮਣੇ ਆਉਣਗੇ ਉਸ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ ਮ੍ਰਿਤਕ ਦੇ ਦੋ ਬੱਚੇ ਹਨ।

ਮ੍ਰਿਤਕ ਦੀ ਫਾਈਲ ਤਸਵੀਰ

ਫ਼ੈਕਟਰੀ ਦੀ ਤੀਜੀ ਮੰਜ਼ਿਲ 'ਤੇ ਪਾਏ ਜਾ ਰਹੇ ਲੈਂਟਰ ਦੇ ਡਿਗਣ ਨਾਲ ਮਜ਼ਦੂਰ ਦੀ ਮੌਤ, ਇਕ ਗੰਭੀਰ ਜ਼ਖਮੀ

ਫੁੱਲਾਂਵਾਲ, 27 ਨਵੰਬਰ (ਮਨਜੀਤ ਸਿੰਘ ਦੁੱਗਰੀ)-ਬੀਤੀ ਰਾਤ ਧਾਂਦਰਾ ਸੜਕ ਸਥਿਤ ਸ਼ਹੀਦ ਭਗਤ ਸਿੰਘ ਨਗਰ ਸਥਿਤ ਕੂਲਰ ਫ਼ੈਕਟਰੀ ਦੀ ਤੀਜੀ ਮੰਜ਼ਿਲ 'ਤੇ ਪਾਏ ਜਾ ਰਹੇ ਲੈਂਟਰ ਦੇ ਡਿੱਗਣ ਨਾਲ ਕੰਮ ਕਰ ਰਹੇ ਮਜ਼ਦੂਰ ਹੇਠਾਂ ਦੱਬ ਗਏ, ਜਿਸ ਨਾਲ ਇਕ ਮਜ਼ਦੂਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਕਈਆਂ ਦੇ ਮਾਮੂਲੀ ਸੱਟਾਂ ਲੱਗੀਆਂ ਅਤੇ ਇਕ ਗੰਭੀਰ ਜ਼ਖਮੀ ਹੋ ਗਿਆ। ਮੌਕੇ 'ਤੇ ਕੰਮ ਕਰ ਰਹੇ ਚਸ਼ਮਦੀਦ ਧਰਮਿੰਦਰ ਕੁਮਾਰ ਨੇ ਦੱਸਿਆ ਕਿ ਲੈਂਟਰ ਪਾਉਣ ਤੋਂ ਬਾਅਦ ਜਦੋਂ ਮਸ਼ੀਨ ਉਥੋਂ ਹਟਾਉਣ ਲੱਗੇ ਤਾਂ ਸ਼ਟਰਿੰਗ ਦੀ ਬੱਲੀ ਟੁੱਟ ਜਾਣ ਨਾਲ ਇਹ ਹਾਦਸਾ ਵਾਪਰਿਆ, ਜਿਸ ਵਿਚ ਮਰਨ ਵਾਲੇ ਮਜ਼ਦੂਰ ਦੀ ਪਛਾਣ ਰਾਮ ਈਸ਼ਵਰ ਰਾਏ (40), ਜੋ ਮੂਲ ਰੂਪ ਵਿਚ ਬਿਹਾਰ ਅਤੇ ਹਾਲ ਗੁਰੂ ਨਗਰ ਕਾਲੋਨੀ ਦਾ ਰਹਿਣ ਵਾਲਾ ਸੀ ਅਤੇ ਰਮੇਸ਼ ਕੁਮਾਰ (25) ਕਰਨੈਲ ਸਿੰਘ ਨਗਰ, ਜੋ ਲੱਤ ਵਿਚ ਸਰੀਆ ਲੱਗਣ ਕਾਰਨ ਗੰਭੀਰ ਜ਼ਖਮੀ ਹੋ ਗਿਆ, ਜੋ ਜੇਰੇ ਇਲਾਜ ਸਿਵਲ ਹਸਪਤਾਲ ਦਾਖਲ ਹੈ। ਦੋਨੋਂ ਧਿਰਾਂ ਵਿਚ ਆਪਸੀ ਸਮਝੌਤਾ ਹੋ ਜਾਣ ਕਰਕੇ ਪੁਲਿਸ ਵਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ।

ਸ਼ਹੀਦ ਭਗਤ ਸਿੰਘ ਨਗਰ ਸਥਿਤ ਕੂਲਰ ਫ਼ੈਕਟਰੀ ਦੀ ਤੀਜੀ ਮੰਜ਼ਿਲ 'ਤੇ ਪਾਏ ਜਾ ਰਹੇ ਡਿੱਗੇ ਲੈਟਰ ਦਾ ਮਲਬਾ ਅਤੇ ਖੜ੍ਹੀ ਮਸ਼ੀਨ। ਤਸਵੀਰ-ਮਨਜੀਤ ਸਿੰਘ ਦੁੱਗਰੀ

ਕਾਟਨ ਰੇਟ — ਤਪਾ ਮੰਡੀ

ਨਰਮਾ (ਪ੍ਰਤੀ ਕੁਇੰਟਲ) 6600-7860/-
ਕਾਟਨ (ਪ੍ਰਤੀ ਮਣ) 5550/-
ਕਾਟਨ ਸੀਡ (ਬਿਨੌਲਾ) (ਪ੍ਰਤੀ ਕੁਇੰਟਲ) 4350-4400/-
ਖਲ ਸਰ੍ਹੋਂ (ਪ੍ਰਤੀ ਕੁਇੰਟਲ) 3600/-
ਖਲ ਬਿਨੌਲਾ (ਪ੍ਰਤੀ ਕੁਇੰਟਲ) 4080/- —ਕ੍ਰਿਸ਼ਨ ਸਿੰਗਲਾ

ਰਾਈਸ ਬ੍ਰਾਨ

ਤਪਾ ਮੰਡੀ (ਬਰਨਾਲਾ)
172-175/- (ਪ੍ਰਤੀ ਪੁਆਇੰਟ)
— ਅਮੋਲ ਸਿੰਗਲਾ

ਪੰਜਾਬ ਲੋਹਾ ਬਾਜ਼ਾਰ, ਮੰਡੀ ਗੋਬਿੰਦਗੜ੍ਹ

ਭਾਅ (ਪ੍ਰਤੀ ਟਨ) (ਭਾਰਤੀ ਰੁਪਏ 'ਚ) (ਜੀ.ਐਸ.ਟੀ. ਵੱਖਰਾ)

ਸਰੀਆ ਟੀ ਐਮ ਟੀ (12 ਐਮ ਐਮ) ਆਈ ਐਸ ਆਈ

ਇੰਗਟ 40,300, ਬਿਲੇਟ 40,300, ਮੈਲਟਿੰਗ ਸਕ੍ਰੈਪ 31,600, ਪੁਰਾਣਾ ਸਕ੍ਰੈਪ 28,600, ਐਂਗਲ 44,600, ਚੈਨਲ 48,100, ਪੱਤਰਾ 41,700, ਟੀ. ਆਇਰਨ 48,700, ਪਾਈਪ 43,500, ਗਾਰਡਰ 48,100, ਗੋਲ ਸਰੀਆ 44,300, ਸਰੀਆ ਟੀ.ਐਮ.ਟੀ. (ਲੋਕਲ) 45,400, ਸਰੀਆ ਬਰਾਂਡਡ ਆਈ.ਐਸ.ਆਈ. (ਕੇ-2) 51,631. ਕਾਮਧੇਨੂ ਨੈਕਸਟ 52,501. —ਮੋਹਿਤ ਸਿੰਗਲਾ

ਗੁਰਦਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਕਰਵਾਏ ਕੀਰਤਨ ਸਮਾਗਮ ਦੌਰਾਨ ਭਾਈ ਗੁਰਦਿੱਤ ਸਿੰਘ ਦੇ ਕੀਰਤਨੀ ਜਥੇ ਦਾ ਸਨਮਾਨ ਕਰਦੇ ਹੋਏ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਬਲਬੀਰ ਸਿੰਘ, ਤੇਜਿੰਦਰ ਸਿੰਘ ਅਤੇ ਨਰਿੰਦਰ ਸਿੰਘ ਕਪੂਰ। ਤਸਵੀਰ-ਸੇਵਕ ਸਿੰਘ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਸਮਾਗਮ

ਲੁਧਿਆਣਾ, 27 ਨਵੰਬਰ (ਪਰਮਿੰਦਰ ਸਿੰਘ ਆਹੂਜਾ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਸ਼ਹੀਦੀ ਸ਼ਦਾਬਦੀ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਸਮਾਗਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਸਦਕਾ ਬੜੀ ਸ਼ਰਧਾਪੂਰਵਕ ਕਰਵਾਏ ਗਏ। ਗੁਰੂ ਘਰ ਦੇ ਹਜੂਰੀ ਰਾਗੀ ਭਾਈ ਦਿਲਬਾਗ ਸਿੰਘ ਲੁਧਿਆਣੇ ਵਾਲਿਆਂ ਦੇ ਜਥੇ ਨੇ ਸੰਗਤਾਂ ਨੂੰ ਆਸਾ ਜੀ ਦੀ ਵਾਰ ਦੇ ਕੀਰਤਨ ਸਰਵਨ ਕਰਵਾਏ ਅਤੇ ਗੁਰੂ ਜਸ ਨਾਲ ਜੋੜਿਆ। ਸ਼ਾਮ ਦੇ ਸਮਾਗਮ 'ਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕਰਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਸੀਨੀਅਰ ਮੈਂਬਰ ਪਰਮਿੰਦਰ ਸਿੰਘ, ਮਲਕੀਤ ਸਿੰਘ, ਤੇਜਿੰਦਰ ਸਿੰਘ ਅਤੇ ਨਰਿੰਦਰ ਸਿੰਘ ਕਪੂਰ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਭਾਈ ਗੁਰਚਰਨ ਸਿੰਘ ਦੇ ਕੀਰਤਨੀ ਜੱਥੇ ਅਤੇ ਭਾਈ ਗੁਰਦਿੱਤ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਦੇ ਕੀਰਤਨੀ ਜੱਥੇ ਨੂੰ ਸਨਮਾਨਿਤ ਕੀਤਾ। ਸੰਗਤਾਂ ਵਿਚ ਗੁਰੂ ਘਰ ਦੇ ਚੇਅਰਮੈਨ ਬਲਜੀਤ ਸਿੰਘ ਸੋਠੀ, ਸੀਨੀਅਰ ਮੈਂਬਰ ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਬਲਬੀਰ ਸਿੰਘ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰ ਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਹਰਨੇਕ ਸਿੰਘ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਜਗਜੀਵਨ ਸਿੰਘ ਸੋਹਨਪਾਲ, ਵੀਰਨਜੀਤ ਸਿੰਘ ਸੋਹਨਪਾਲ, ਦਰਸ਼ਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ, ਤਰਲੋਕ ਸਿੰਘ, ਮਨਿੰਦਰ ਸਿੰਘ, ਜਸਵਿੰਦਰ ਸਿੰਘ, ਹਰਪਾਲ ਸਿੰਘ, ਚਮਨ ਸਿੰਘ, ਕਰਮ ਸਿੰਘ, ਤਜਿੰਦਰ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਬੰਦ ਦੇ ਸੱਦੇ ਦੀ ਹਮਾਇਤ ਵਜੋਂ ਪੀ.ਏ.ਯੂ. ਲੁਧਿਆਣਾ ਵਿਖੇ ਪ੍ਰਦਰਸ਼ਨ

ਲੁਧਿਆਣਾ, 27 ਨਵੰਬਰ (ਜਤਿੰਦਰ ਭੰਬੀ)-ਪੰਜਾਬ ਯੂਨੀਵਰਸਿਟੀ ਦੇ ਨਿੱਜੀਕਰਨ ਭਗਵਾਂਕਰਨ ਅਤੇ ਕੇਂਦਰੀਕਰਨ ਵਿਰੁੱਧ ਅਤੇ ਸੈਨੇਟ ਚੋਣਾਂ ਦਾ ਸ਼ਡਿਊਲਡ ਜਾਰੀ ਕਰਵਾਉਣ ਦੀ ਮੰਗ ਨੂੰ ਲੈਕੇ ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ ਵਲੋਂ ਯੂਨੀਵਰਸਿਟੀ ਬੰਦ ਦਾ ਸੱਦਾ ਦਿੱਤਾ ਗਿਆ ਸੀ, ਜਿਸ ਦੀ ਹਮਾਇਤ ਵਜੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧ